ਫਾਰਮ-II
(ਵੇਖੋ ਉਪ ਨਿਯਮ (4) ਨਿਯਮ 15)

ਫਾਰਮ
ਟੈਲੀਫੋਨ
ਈ-ਮੇਲ/ਫੈਕਸ ਨੰ. 01633-262977
ਦਫਤਰ ਜਿਲ੍ਹਾ ਸਿੱਖਿਆ ਅਫ਼ਸਰ, ਸ੍ਰੀ ਮੁਕਤਸਰ ਸਾਹਿਬ
ਨੰ 639/136 ਮਿਤੀ 15/01/17

ਸੇਵਾ ਵਿਖੇ

ਮੈਨੇਜਰ
ਨਿਸ਼ਾਨ ਅਕੈਡਮੀ ਔਲਖ ।

ਵਿਸ਼ਾ : ਬੱਚਿਆਂ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮ 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ, ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦਾ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ ।

ਸ਼੍ਰੀਮਾਨ ਜੀ/ਸ਼੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਮਿਤੀ 21-3-2012 ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਮੈ ਨਿਸ਼ਾਨ ਅਕੈਡਮੀ ਔਲਖ ਨੂੰ ਜਮਾਤ ਪਹਿਲੀ ਤੋਂ ਜਮਾਤ 8 ਵੀ ਤੱਕ ਮਿਤੀ 31-03-2013 ਤੱਕ ਆਰਜੀ ਮਾਨਤਾ ਦਿੱਤੀ ਜਾਂਦੀ ਹੈ। ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਤਹਿਤ ਹੇਠ ਲਿਖੀਆਂ ਸ਼ਰਤਾਂ ਦੀ ਪੂਰਤੀ ਜ਼ਰੂਰੀ ਹੈ।

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀ ਲਿਆ ਜਾਣਾ ਚਾਹੀਦਾ ਕਿ ਇਹ ਅੱਠਵੀਂ ਜਮਾਤ ਤੋਂ ਅੱਗੇ ਦੀ ਮਾਨਤਾ/ਸੰਬੰਧਕਰਨ ਲਈ ਲਾਜ਼ਮੀ ਹੈ ।
2. ਸਕੂਲ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009(ਸਾਰਣੀ-1) ਅਤੇ ਬੱਚਿਆਂ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 (ਸਾਰਣੀ II) ਦੇ ਉਪਬੰਧਾਂ ਦੀ ਪਾਲਣਾ ਕਰੇਗਾ ।
3. ਸਕੂਲ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ, ਜਮਾ ਵਿੱਚ ਜੋ ਵੀ ਲਾਗੂ ਹੋਵੇ), ਜਮਾਤ ਦੀ ਕੁੱਲ ਸੰਖਿਆ ਦਾ 25 ਪ੍ਰਤੀਸ਼ਤ, ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫ਼ਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪ੍ਰਦਾਨ ਕਰੇਗਾ ।
4. ਸਕੂਲ ਨੂੰ ਪੈਰ੍ਹਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ (2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ ।
5. ਸੰਸਥਾ/ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਜਾਂ ਉਸਦੇ ਮਾਪਿਆਂ ਜਾਂ ਸਰਪ੍ਰਸਤਾਂ ਦੀ ਚੋਣ ਦੀ ਕੋਈ ਵਿਧੀ ਨਹੀ ਅਪਣਾਏਗਾ ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ । ਸਕੂਲ ਇਹ ਯਕੀਨੀ ਬਣਾਏਗਾ ਕਿ :-
   (i) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀ ਰੱਖਿਆ ਜਾਵੇਗਾ ਜਾਂ ਸਕੂਲ ਵਿੱਚੋਂ ਕੱਢਿਆ ਨਹੀ ਜਾਵੇਗਾ ਜਦੋਂ ਤੱਕ ਕਿ ਉਸਦੀ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਨਹੀ ਹੋ ਜਾਂਦੀ ।
   (ii) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀ ਕੀਤੀ ਜਾਵੇਗੀ ।
   (iii) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀ ਹੋਵੇਗੀ ।
   (iv) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ ਨੂੰ ਨਿਯਮ 25 ਦਿੱਤੇ ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ ।
   (v) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜ਼ਰੂਰਤਾ/ਅਪੰਗ ਵਿਦਿਆਰਥੀਆਂ ਦੀ ਸਮੂਲੀਅਤ:
   (vi) ਅਧਿਆਪਕਾਂ ਲਈ ਇਹ ਜ਼ਰੂਰੀ ਹੈ ਕਿ ਉਹ ਧਾਰਾ 23(1) ਅਧੀਨ ਦਿੱਤੀਆਂ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ। ਪਰੰਤੂ ਅੱਗੇ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਦੇਂ ਲਾਗੂ ਹੋਣ ਸਮੇਂ ਘੱਟੋ ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਨਹੀ ਕਰਦੇ, ਪੰਜ ਸਾਲ ਦੇ ਅੰਦਰ ਅੰਦਰ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪ੍ਰਾਪਤ ਕਰਨਗੇ ।
   (vii) ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਆਧਾਰ ਤੇ ਉੱਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ ।

Scanned with CamScanner

Scanned with CamScanner

) ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ। ਪਿਛਲੇ ਪੜਤਾਲ ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ :-

| | |
|---|---|
| ਸਕੂਲ ਕੈਂਪਸ ਦਾ ਖੇਤਰ | 16 ਕਨਾਲ 13 ਮਰਲੇ |
| ਕੁੱਲ ਇਮਾਰਤ ਅਧੀਨ ਖੇਤਰ | 28000 ਵ: ਫੁੱਟ |
| ਖੇਡ ਦੇ ਮੈਦਾਨ ਦਾ ਖੇਤਰ | 4560 ਵ:ਫੁੱਟ |
| ਕਲਾਸ ਦੇ ਕਮਰਿਆਂ ਦੀ ਗਿਣਤੀ | 34 |
| ਮੁੱਖ ਅਧਿਆਪਕ ਲਈ ਦਫ਼ਤਰ-ਕਮ-ਸਟੋਰ ਦਾ ਕਮਰਾ | 01+01 |
| ਮੁੰਡੇ ਅਤੇ ਕੁੜੀਆਂ ਲਈ ਵੱਖਰੇ-ਵੱਖਰੇ ਪਖਾਨੇ | 04+02 |
| ਪੀਣ ਦੇ ਪਾਣੀ ਦੀ ਸਹੂਲਤ | ਲੋੜ ਅਨੁਸਾਰ ਹੈ । |
| ਦੁਪਹਿਰ ਦਾ ਖਾਣਾ ਪਕਾਉਣ ਦੀ ਸਹੂਲਤ | ਨਹੀ ਹੈ । |
| ਬਿਨ੍ਹਾਂ ਰੁਕਾਵਟ ਪਹੁੰਚ । | ਸਹੂਲਤ ਹੈ । |
| ਪੜਾਉਣ, ਸਿੱਖਣ ਦਾ ਸਮਾਨ/ਖੇਡਾਂ ਦਾ ਸਮਾਨ/ਲਾਇਬ੍ਰੇਰੀ | ਲੋੜ ਅਨੁਸਾਰ ਹੈ। |

(ix) ਸਕੂਲ ਦੇ ਇਸੇ ਨਾਂ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀ ਚਲਾਈ ਜਾਵੇਗੀ ।

(x) ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਅਤੇ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ ।

(xi) ਸਕੂਲ ਸੋਸਾਇਟੀ ਰਜਿਸਟਰੇਸ਼ਨ ਐਕਟ 1860(1860 ਦਾ 21) ਅਧੀਨ ਰਜਿਸਟਰ ਕੀਤੀ ਸੋਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ ।

(xii) ਸਕੂਲ ਕਿਸੇ ਨਿੱਜੀ, ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀ ਚਲਾਇਆ ਜਾ ਰਿਹਾ ਹੈ ।

(xiii) ਲੇਖੇ ਕਿਸੇ ਪ੍ਰਮਾਨਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾ ਸਾਰਣੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਧਿਕਾਰੀ ਨੂੰ ਭੇਜੀ ਜਾਵੇਗੀ ।

(xiv) ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ 639/136 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫ਼ਤਰ ਦੇ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ ।

(xv) ਸਕੂਲ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਸਿਰ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਉੱਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮ ਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ ।

(xvi) ਸੰਸਥਾ ਦੀ ਰਜਿਸਟ੍ਰੇਸ਼ਨ ਦਾ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ, ਕਰਵਾਉਣਾ ਯਕੀਨੀ ਬਣਾਇਆ ਜਾਵੇ ।

(xvii) ਦੂਜੀਆਂ ਸ਼ਰਤਾਂ ਅਨੁਲੱਗ 3 ਅਨੁਸਾਰ ਨੱਥੀ ਕੀਤੀਆਂ ਜਾਂਦੀਆਂ ਹਨ ।

. ਬਿਲਡਿੰਗ ਸੇਫਟੀ/ਫਾਇਰ ਸੇਫਟੀ ਸਰਟੀਫਿਕੇਟ ਪੁਰਾਣਾ ਹੈ ।

[illegible]

ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ),
ਸ੍ਰੀ ਮੁਕਤਸਰ ਸਾਹਿਬ।

Scanned with CamScanner